ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

- **ਪੰਜਾਬ ਸਰਕਾਰ ਨੇ ਖ਼ੂਨ ਦੇ ਰਿਸ਼ਤਿਆਂ 'ਚ ਜਾਇਦਾਦ ਦੇ ਤਬਾਦਲੇ 'ਤੇ ਰਜਿਸਟ੍ਰੇਸ਼ਨ ਫ਼ੀਸ ਮੁਆਫ਼ ਕਰਕੇ ਲੋਕ ਹਿੱਤ 'ਚ ਕੀਤਾ ਇਤਿਹਾਸਕ ਫ਼ੈਸਲਾ-ਡਿਪਟੀ ਕਮਿਸ਼ਨਰ**
- **ਪਤੀ-ਪਤਨੀ, ਮਾਂ-ਬਾਪ, ਭਰਾ-ਭੈਣ, ਪੁੱਤਰ-ਧੀ ਅਤੇ ਪੋਤੇ-ਪੋਤਰੀਆਂ ਨੂੰ ਮਿਲ ਰਿਹੈ ਲਾਭ**
- **ਸਮਾਜਿਕ ਸੁਰੱਖਿਆ ਫ਼ੰਡ ਅਤੇ ਬੁਨਿਆਦੀ ਢਾਂਚਾ ਸੈੱਸ ਤੋਂ ਵੀ ਦਿੱਤੀ ਗਈ ਛੋਟ**
- **ਸਰਕਾਰ ਦਾ ਫ਼ੈਸਲਾ ਜ਼ਮੀਨਾਂ ਸਬੰਧੀ ਪ੍ਰੀਵਾਰਕ ਝਗੜਿਆਂ ਨੂੰ ਖਤਮ ਕਰਨਾ**

ਮੋਗਾ ਮਾਰਚ 31:

ਪੰਜਾਬ ਸਰਕਾਰ ਵੱਲੋਂ ਹਮੇਸ਼ਾ ਲੋਕ ਹਿੱਤਾਂ ਨੂੰ ਮੁੱਖ ਰੱਖਦਿਆਂ ਲੋਕ-ਪੱਖੀ ਫ਼ੈਸਲਿਆਂ ਨੂੰ ਤਰਜੀਹ ਦਿੱਤੀ ਜਾਂਦੀ ਹੈ ਅਤੇ ਇਸੇ ਕੜੀ ਤਹਿਤ ਸਰਕਾਰ ਨੇ ਸੂਬਾ ਵਾਸੀਆਂ ਲਈ ਇੱਕ ਵੱਡਾ ਲੋਕ-ਪੱਖੀ ਫ਼ੈਸਲਾ ਲੈ ਕੇ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਪਤੀ-ਪਤਨੀ ਤੇ ਖ਼ੂਨ ਦੇ ਰਿਸ਼ਤਿਆਂ ਦਰਮਿਆਨ ਜਾਇਦਾਦ ਦੇ ਤਬਾਦਲੇ ਤੋਂ ਮੁਕੰਮਲ ਰਜਿਸਟ੍ਰੇਸ਼ਨ ਫ਼ੀਸ ਖ਼ਤਮ ਕਰਕੇ ਰਾਜ ਦੇ ਹਜ਼ਾਰਾਂ ਲਾਭਪਾਤਰੀਆਂ ਨੂੰ ਇੱਕ ਵੱਡੀ ਰਾਹਤ ਦਿੱਤੀ ਹੈ। ਪ੍ਰੀਵਾਰਾਂ ਵਿੱਚ ਪਤੀ-ਪਤਨੀ ਅਤੇ ਖ਼ੂਨ ਦੇ ਰਿਸ਼ਤਿਆਂ ਜਿਵੇਂ ਕਿ ਪੁੱਤਰ-ਧੀ, ਪਿਤਾ-ਮਾਤਾ, ਭੈਣ-ਭਰਾ ਅਤੇ ਪੋਤਰੀ-ਪੋਤਰੇ ਦਰਮਿਆਨ ਜਾਇਦਾਦ ਦੇ ਕਾਨੂੰਨ ਤਬਾਦਲੇ ਲਈ ਪ੍ਰੀਵਾਰਾਂ ਨੂੰ ਉਤਸ਼ਾਹਿਤ ਕਰਨ ਹਿੱਤ ਪੰਜਾਬ ਸਰਕਾਰ ਨੇ ਅਜਿਹੇ ਤਬਾਦਲਿਆਂ ਲਈ ਸਮਾਜਿਕ ਸੁਰੱਖਿਆ ਫ਼ੰਡ, ਸਮਾਜਿਕ ਬੁਨਿਆਦੀ ਢਾਂਚਾ ਫ਼ੰਡ ਅਤੇ ਅਸ਼ਟਾਮ ਡਿਊਟੀ ਨੂੰ ਵੀ ਖ਼ਤਮ ਕੀਤਾ ਹੈ, ਜਿਸ ਨਾਲ ਸਮੂਹ ਰਾਜ ਵਾਸੀਆਂ ਨੂੰ ਵੱਡਾ ਲਾਭ ਮਿਲ ਰਿਹਾ ਹੈ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ ਨੇ ਦੱਸਿਆ ਕਿ ਲੋਕ ਹਿੱਤ ਵਿੱਚ ਲਿਆ ਗਿਆ ਇਹ ਅਹਿਮ ਤੇ ਇਤਿਹਾਸਕ ਫ਼ੈਸਲਾ ਹੈ। ਉਨ੍ਹਾਂ ਦੱਸਿਆ ਕਿ ਮਾਲ ਤੇ ਮੁੜ ਵਸੇਬਾ ਮੰਤਰੀ ਸ. ਬਿਕਰਮ ਸਿੰਘ ਮਜੀਠੀਆ ਦੀ ਪਹਿਲ ਕਦਮੀ 'ਤੇ ਰਾਜ ਸਰਕਾਰ ਵੱਲੋਂ ਇਹ ਫ਼ੈਸਲਾ ਲੈਣ ਦਾ ਮੰਤਵ ਲੋਕਾਂ ਨੂੰ ਆਪਣੀਆਂ ਜਾਇਦਾਦਾਂ ਦੀ ਕਾਨੂੰਨੀ ਢੰਗ ਨਾਲ ਰਜਿਸਟ੍ਰੇਸ਼ਨ ਲਈ ਉਤਸ਼ਾਹਿਤ ਕਰਨਾ ਹੈ ਤਾਂ ਜੋ ਉਹ ਕੋਈ ਅਜਿਹਾ ਢੰਗ ਤਰੀਕਾ ਨਾ ਅਪਨਾਉਣ, ਜਿਸ ਨਾਲ ਅੱਗੇ ਪ੍ਰੀਵਾਰਾਂ ਅੰਦਰ ਜਾਇਦਾਦ ਨੂੰ ਲੈ ਕੇ ਕਿਸੇ ਤਰ੍ਹਾਂ ਦੇ ਵਿਵਾਦ ਪੈਦਾ ਨਾ ਹੋਣ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਰਜਿਸਟ੍ਰੇਸ਼ਨ ਫ਼ੀਸ ਤੋਂ ਇਲਾਵਾ ਸਮਾਜਿਕ ਸੁਰੱਖਿਆ ਫ਼ੰਡ ਅਤੇ ਬੁਨਿਆਦੀ ਢਾਂਚਾ ਸੈੱਸ ਵੀ ਨਹੀਂ ਵਸੂਲਿਆ ਜਾ ਰਿਹਾ। ਉਨ੍ਹਾਂ ਦੱਸਿਆ ਕਿ ਪਤੀ-ਪਤਨੀ ਅਤੇ ਖ਼ੂਨ ਦੇ ਰਿਸ਼ਤਿਆਂ ਦਰਮਿਆਨ ਜਾਇਦਾਦ ਵਟਾਂਦਰੇ 'ਤੇ ਰਜਿਸਟਰੀ ਫ਼ੀਸ ਦੀ ਛੋਟ ਦੇ ਇਸ ਨਿਰਣੇ ਦਾ ਪਤੀ-ਪਤਨੀ ਤੋਂ ਇਲਾਵਾ ਮਾਤਾ-ਪਿਤਾ, ਭਰਾ-ਭੈਣ, ਪੁੱਤਰ-ਧੀ ਅਤੇ ਪੋਤੇ-ਪੋਤੀਆਂ ਨੂੰ ਵੀ ਲਾਭ ਮਿਲ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਰਾਜ ਸਰਕਾਰ ਵੱਲੋਂ ਇਸ ਤੋਂ ਪਹਿਲਾਂ ਜਾਇਦਾਦ ਦੀ ਵਿਕਰੀ ਅਤੇ ਕਬਜ਼ੇ ਦੇ ਤਬਾਦਲੇ ਦੇ ਮੰਤਵ ਲਈ ਦਿੱਤੇ ਜਾਂਦੇ ਮੁਖ਼ਤਿਆਰਨਾਮੇ ਨੂੰ ਦਰਜ ਕਰਵਾਉਣ 'ਤੇ ਲੱਗਦੀ ਅਸ਼ਟਾਮ ਡਿਊਟੀ ਨੂੰ ਵੀ ਸਹੀ ਮਾਅਨਿਆਂ 'ਚ ਲਗਭੱਗ ਸਿਫ਼ਰ 'ਤੇ ਲਿਆ ਦਿੱਤਾ ਗਿਆ ਹੈ, ਜਿੱਥੇ ਪੁਰਾਣੀ 2 ਫ਼ੀਸਦੀ ਦਰ ਨੂੰ ਘਟਾ ਕੇ 0.5 ਫ਼ੀਸਦੀ ਕਰ ਦਿੱਤਾ ਗਿਆ ਹੈ।

ਸ. ਵੈਦ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਮੀਨੀ ਰਿਕਾਰਡ ਸਬੰਧੀ ਪਾਰਦਰਸ਼ਤਾ ਅਤੇ ਸੂਚਨਾ ਨੂੰ ਮਹਿਜ਼ ਇੱਕ ਫੋਨ ਕਾਲ 'ਤੇ ਉਪਲਬੱਧ ਕਰਾਉਣ ਲਈ ਨਿਵੇਕਲਾ ਉੱਦਮ ਕਰਦਿਆਂ ਸ਼ੁਰੂ ਕੀਤੀ ਇੱਕ ਵਿਆਪਕ ਹੈਲਪ ਲਾਈਨ (ਡਾਇਲ 168 ਜਾਂ 1800-1800-168) ਦੇ ਸਾਰਥਕ ਨਤੀਜੇ ਨਿਕਲਣ ਲੱਗੇ ਹਨ ਅਤੇ ਲੋਕਾਂ ਵੱਲੋਂ ਇਸ ਦਾ ਲਾਹਾ ਲਿਆ ਜਾ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਅਗਸਤ 2015 'ਚ ਸ਼ੁਰੂ ਕੀਤੀ ਗਈ ਇਹ ਹੈਲਪ-ਲਾਈਨ ਆਮ ਲੋਕਾਂ ਨੂੰ ਸਹੂਲਤ ਪ੍ਰਦਾਨ ਕਰਨ ਦੇ ਨਾਲ ਮਾਲ ਵਿਭਾਗ ਦੇ ਕੰਮ-ਕਾਜ ਵਿੱਚ ਹੋਰ ਵਧੇਰੇ ਕੁਸ਼ਲਤਾ ਅਤੇ ਪਾਰਦਸ਼ਤਾ ਵੀ ਲਿਆ ਰਹੀ ਹੈ। ਉਨ੍ਹਾਂ ਦੱਸਿਆ ਕਿ ਮਾਲ ਵਿਭਾਗ ਦੀ ਇਸ ਹੈਲਪ-ਲਾਈਨ ਰਾਹੀਂ ਜ਼ਮੀਨ ਅਤੇ ਜਾਇਦਾਦ ਨਾਲ ਸਬੰਧਤ ਸਾਰੀਆਂ ਸੇਵਾਵਾਂ ਸੁਚੱਜੇ ਢੰਗ ਨਾਲ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ ਉਕਤ ਹੈਲਪ-ਲਾਈਨ ਰਾਹੀਂ ਕੋਈ ਵੀ ਵਿਅਕਤੀ ਇੱਕ ਫੋਨ ਕਾਲ ਜ਼ਰੀਏ

ਮਾਲ ਵਿਭਾਗ 'ਚ ਵਿਚਾਰ ਅਧੀਨ ਮਾਮਲਿਆਂ ਅਤੇ ਵਿਭਾਗ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਦੇ ਨਿਪਟਾਰੇ ਸਬੰਧੀ ਜਾਣਕਾਰੀ ਲੈ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੈਲਪ-ਲਾਈਨ 'ਤੇ ਫੋਨ ਕਰਨ ਵਾਲੇ ਹਰ ਵਿਅਕਤੀ ਨੂੰ ਇੱਕ ਨਿਵੇਕਲਾ ਸ਼ਿਕਾਇਤ ਨੰਬਰ ਦਿੱਤਾ ਜਾਂਦਾ ਅਤੇ ਉਸ ਨੂੰ ਲੋੜੀਂਦੀ ਜਾਣਕਾਰੀ ਨਿਰਧਾਰਿਤ ਸਮੇਂ ਦੌਰਾਨ ਪ੍ਰਦਾਨ ਕੀਤੀ ਜਾਂਦੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਹੈ ਕਿ ਜੇਕਰ ਕਿਸੇ ਵਿਅਕਤੀ ਨੂੰ ਆਪਣੇ ਜ਼ਮੀਨੀ ਰਿਕਾਰਡ ਸਬੰਧੀ ਸੂਚਨਾ ਜਾਂ ਮਾਲ ਵਿਭਾਗ ਸਬੰਧੀ ਕੋਈ ਸ਼ਿਕਾਇਤ ਹੈ ਤਾਂ ਉਹ ਡਾਇਲ 168 ਜਾਂ 1800-1800-168 ਟੋਲ ਫ੍ਰੀ ਨੰਬਰ 'ਤੇ ਸੰਪਰਕ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਟੋਲ ਫ੍ਰੀ ਨੰਬਰ 'ਤੇ ਮਿਲੀ ਸ਼ਿਕਾਇਤ ਨੂੰ ਸਮਾਂ-ਬੱਧ ਢੰਗ ਨਾਲ ਨਜਿੱਠਣ ਲਈ ਅਧਿਕਾਰੀਆਂ ਨੂੰ ਪੂਰੀ ਸਖ਼ਤੀ ਨਾਲ ਆਦੇਸ਼ ਦਿੱਤੇ ਗਏ ਹਨ।

-------

ਨੰ: ਪੀ.ਆਰ(ਪ੍ਰੈ ਰੀ)2016/157



**ਫ਼ੋਟੋ ਡਿਪਟੀ ਕਮਿਸ਼ਨਰ ਸ. ਕੁਲਦੀਪ ਸਿੰਘ ਵੈਦ**